**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 pm**

**ਮਿਤੀ: 24-04-2025**

ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਮੱਦੇਨਜ਼ਰ ਸਰਕਾਰ ਨੇ ਅੱਜ ਦਿੱਲੀ ਵਿੱਚ ਇੱਕ ਸਰਬ-ਪਾਰਟੀ ਮੀਟਿੰਗ ਬੁਲਾਈ ਏ । ਸੂਤਰਾਂ ਅਨੁਸਾਰ ਇਹ ਮੀਟਿੰਗ ਸੰਸਦ ਭਵਨ ਕੰਪਲੈਕਸ ਵਿੱਚ ਸ਼ਾਮ 6 ਵਜੇ ਹੋਵੇਗੀ । ਰੱਖਿਆ ਮੰਤਰੀ ਰਾਜਨਾਥ ਸਿੰਘ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੂੰ ਹਮਲੇ ਬਾਰੇ ਜਾਣਕਾਰੀ ਦੇਣਗੇ। ਇਸ ਤੋਂ ਇਲਾਵਾ, ਉਹ ਉਨ੍ਹਾਂ ਨੂੰ ਇਸ ਘਟਨਾ ਤੋਂ ਬਾਅਦ ਪਾਕਿਸਤਾਨ ਖਿਲਾਫ ਚੁੱਕੇ ਗਏ ਕਦਮਾਂ ਬਾਰੇ ਵੀ ਜਾਣਕਾਰੀ ਪ੍ਰਦਾਨ ਕਰਨਗੇ।

---------------------------------------------------------------

ਭਾਰਤ ਨੇ ਪਾਕਿਸਤਾਨ ਦੇ ਚੋਟੀ ਦੇ ਡਿਪਲੋਮੈਟ ਸਾਦ ਅਹਿਮਦ ਵਾਰੀਚ ਨੂੰ ਸਮਨ ਭੇਜਿਆ ਏ ਅਤੇ ਕਿਹਾ ਕਿ ਉਸ ਦੇ ਫੌਜੀ ਡਿਪਲੋਮੈਟਾਂ ਨੂੰ ਭਾਰਤ ਛੱਡਣਾ ਪਵੇਗਾ। ਸੂਤਰਾਂ ਅਨੁਸਾਰ ਇਹ ਸੰਮਨ ਕੱਲ੍ਹ ਰਾਤ

ਭੇਜਿਆ ਗਿਆ ਸੀ । ਇਹ ਕਦਮ ਹਾਲ ਹੀ ਵਿੱਚ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਮੱਦੇਨਜ਼ਰ ਪਾਕਿਸਤਾਨ ਖਿਲਾਫ਼ ਭਾਰਤ ਵੱਲੋਂ ਚੁੱਕੇ ਗਏ ਕਈ ਸਖ਼ਤ ਕਦਮਾਂ ਤੋਂ ਬਾਅਦ ਆਇਆ ਏ । **ਸਰਕਾਰ** ਨੇ ਸਿੰਧੂ ਜਲ ਸੰਧੀ ਸਮਝੌਤੇ ਨੂੰ ਰੋਕ ਦਿੱਤਾ ਏ , ਅਟਾਰੀ ਏਕੀਕ੍ਰਿਤ ਚੈੱਕ ਪੋਸਟ ਨੂੰ ਬੰਦ ਕਰ ਦਿੱਤਾ ਏ ਅਤੇ ਇਸਲਾਮਾਬਾਦ ਨਾਲ ਕੂਟਨੀਤਕ ਸਬੰਧਾਂ ਨੂੰ ਘਟਾ ਦਿੱਤਾ ਏ । ਭਾਰਤ ਨੇ ਕਿਹਾ ਏ ਕਿ ਪਾਕਿਸਤਾਨੀ ਨਾਗਰਿਕਾਂ ਨੂੰ ਸਾਰਕ ਵੀਜ਼ਾ ਛੋਟ ਯੋਜਨਾ ਦੇ ਤਹਿਤ ਵੀਜ਼ਾ ਛੋਟ ਨਹੀਂ ਦਿੱਤੀ ਜਾਵੇਗੀ।

-----------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਦੇ ਸ੍ਰੀ ਕਾਲੀ ਮਾਤਾ ਮੰਦਿਰ ਵਿਖੇ ਪਹਿਗਾਮ ਦੇ ਦਹਿਸ਼ਤਗਰਦੀ ਹਮਲੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਜ਼ਖ਼ਮੀਆਂ ਦੀ ਸਿਹਤਯਾਬੀ ਲਈ ਪ੍ਰਾਰਥਨਾ ਕੀਤੀ। ਉਨ੍ਹਾ ਕਿਹਾ ਕਿ ਇਹ ਹਮਲਾ ਮਨੁੱਖਤਾ ਉਪਰ ਹਮਲਾ ਏ ਅਤੇ ਇਸ ਦੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ ।

ਉਨ੍ਹਾਂ ਨੇ ਸ਼ਹੀਦ ਹੋਏ ਨਾਗਰਿਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਵੀ ਪ੍ਰਗਟਾਈ।

---------------------------------------------------------

ਕਸ਼ਮੀਰ ਦੇ ਪਹਿਲਗਾਮ ਵਿੱਚ ਦਹਿਸ਼ਤਗਰਦਾਂ ਵੱਲੋਂ 26 ਸੈਲਾਨੀਆਂ ਦੀ ਹੱਤਿਆ ਕੀਤੇ ਜਾਣ ’ਤੇ ਦੇਸ਼ ਭਰ ਵਿਚ ਭਾਰੀ ਰੋਸ ਏ। ਸ਼ਹੀਦਾਂ ਦੀ ਯਾਦ ਵਿਚ ਜਿਥੇ ਜਲੰਧਰ ਵਿਖੇ ਕੈਂਡਲ ਮਾਰਚ ਕੱਢਿਆ ਗਿਆ ਉਥੇ ਅੱਜ ਹੁਸ਼ਿਆਰਪੁਰ ਵਿਖੇ ਸਮਾਜਿਕ ਅਤੇ ਧਾਰਮਿਕ ਸੰਗਠਨਾਂ ਵੱਲੋਂ ਸਾਂਝੇ ਤੌਰ ਤੇ ਹੁਸ਼ਿਆਰਪੁਰ ਬੰਦ ਦਾ ਸੱਦਾ ਦਿੱਤਾ ਗਿਆ। ਇਸ ਦੇ ਚਲਦਿਆਂ ਸ਼ਹਿਰ ਵਿੱਚ ਜਿਆਦਾਤਰ ਸਿੱਖਿਆ ਸੰਸਥਾਨ, ਬਾਜ਼ਾਰ, ਦੁਕਾਨਾਂ ਅਤੇ ਵਪਾਰਕ ਅਦਾਰੇ ਬੰਦ ਰਹੇ। ਸਵੇਰੇ ਸ਼ਹਿਰ ਦੇ ਟਾਊਨ ਹਾਲ ਚੌਂਕ ਵਿਖੇ ਵੱਖੋ-ਵੱਖ ਸੰਗਠਨਾਂ ਦੇ ਨੁਮਾਇੰਦੇ ਇਕੱਤਰ ਹੋਏ ਅਤੇ ਰੋਸ ਮਾਰਚ ਕੱਢਿਆ ਗਿਆ। ਇਹ ਮਾਰਚ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਚੋਂ ਲੰਘਿਆ ਅਤੇ ਮਾਰਚ ਵਿੱਚ ਚੱਲ ਰਹੇ ਵੱਖ-ਵੱਖ ਸੰਗਠਨਾਂ ਦੇ ਵਰਕਰਾਂ ਨੇ ਖੁੱਲ੍ਹੀਆਂ ਦੁਕਾਨਾਂ ਜਾਂ ਹੋਰ ਸੰਸਥਾਵਾਂ ਨੂੰ ਬੇਨਤੀ ਕਰ ਕੇ ਬੰਦ ਕਰਵਾ ਦਿੱਤਾ। ਉਧਰ ਗੁਰਦਾਸਪੁਰ ਵਿਚ ਵੀ

ਦੁਕਾਨਦਾਰਾਂ ਤੇ ਆਮ ਲੋਕਾਂ ਨੇ ਮਾਰਚ ਕੱਢਿਆ ਤੇ ਪਾਕਿਸਤਾਨ ਦਾ ਪੁਤਲਾ ਭੂਕਿਆ।

---------------------------------------------------------------------

ਵਿਸ਼ਵ ਸਿਹਤ ਸੰਗਠਨ ਦਾ ਵਿਸ਼ਵ ਟੀਕਾਕਰਨ ਹਫ਼ਤਾ 2025 ਅੱਜ ਤੋਂ ਸ਼ੁਰੂ ਹੋ ਗਿਆ ਏ। ਇਹ ਮੁਹਿੰਮ ਇਸ ਮਹੀਨੇ ਦੀ 30 ਤਰੀਕ ਤੱਕ ਸਾਰੇ ਮੁਲਕਾਂ ਵਿੱਚ ਚੱਲੇਗੀ। ਵਿਸ਼ਵ ਟੀਕਾਕਰਨ ਹਫ਼ਤਾ ਹਰ ਸਾਲ ਅਪ੍ਰੈਲ ਦੇ ਆਖਰੀ ਹਫ਼ਤੇ ਮਨਾਇਆ ਜਾਂਦਾ ਏ। ਇਸ ਦਾ ਉਦੇਸ਼ ਟੀਕਾਕਰਨ ਦੀ ਜੀਵਨ-ਰੱਖਿਅਕ ਸੰਭਾਵਨਾ ਨੂੰ ਉਤਸ਼ਾਹਿਤ ਕਰਨਾ ਏ। ਇਸ ਸਾਲ ਦਾ ਥੀਮ "ਸਾਰਿਆਂ ਲਈ ਟੀਕਾਕਰਨ ਮਨੁੱਖੀ ਤੌਰ 'ਤੇ ਸੰਭਵ ਹੋਵੇ " ਰੱਖਿਆ ਗਿਆ ਏ। ਇਹ ਥੀਮ ਇਸ ਗੱਲ 'ਤੇ ਜ਼ੋਰ ਦਿੰਦਾ ਏ ਕਿ ਜੀਵਨ ਰੱਖਿਅਕ ਟੀਕਿਆਂ ਤੱਕ ਪਹੁੰਚ, ਹਰ ਉਮਰ ਅਤੇ ਸਥਾਨ ਦੇ ਲੋਕਾਂ ਲਈ ਯਕੀਨੀ ਬਣਾਈ ਜਾਣੀ ਚਾਹੀਦੀ ਏ। ਵਿਸ਼ਵ ਸਿਹਤ ਸੰਗਠਨ ਦਾ ਦਾਅਵਾ ਏ ਕਿ ਪਿਛਲੇ 50 ਸਾਲਾਂ ਵਿੱਚ, ਜ਼ਰੂਰੀ ਟੀਕਿਆਂ ਨੇ ਘੱਟੋ-ਘੱਟ 15 ਕਰੋੜ 40 ਲੱਖ ਲੋਕਾਂ ਦੀ ਜਾਨ ਬਚਾਈ ਏ।

---

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ.ਰਵਜੋਤ ਸਿੰਘ ਨੇ ਚੰਡੀਗੜ੍ਹ ਵਿਖੇ ਮਿਊਂਸੀਪਲ ਭਵਨ ’ਚ ਸਫਾਈ ਸੇਵਕ ਅਤੇ ਸੀਵਰਮੈਨ ਅਤੇ ਫਾਇਰ ਬ੍ਰਿਗੇਡ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ । ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਦੇ ਸ਼ਹਿਰਾਂ ਨੂੰ ਕੂੜਾ-ਮੁਕਤ ਬਣਾਉਣਾ ਸੂਬਾ ਸਰਕਾਰ ਦਾ ਮੁੱਖ ਟੀਚਾ ਏ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਜਿੱਥੇ ਸ਼ਹਿਰੀ ਨਾਗਰਿਕਾਂ ਦੇ ਸਹਿਯੋਗ ਦੀ ਲੋੜ ਏ, ਉੱਥੇ ਹੀ ਸਫਾਈ ਸੇਵਕਾਂ ਅਤੇ ਸੀਵਰਮੈਨਾਂ ਦੇ ਸਹਿਯੋਗ ਦੀ ਜ਼ਰੂਰਤ ਏ । ਉਨ੍ਹਾਂ ਨੇ ਸਫ਼ਾਈ ਸੇਵਕਾਂ, ਸੀਵਰਮੈਨਾਂ ਅਤੇ ਫਾਇਰ ਬ੍ਰਿਗੇਡ ਕਰਮਚਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਵਿਭਾਗ ਦੀ ਰੀੜ੍ਹ ਦੀ ਹੱਡੀ ਦੱਸਿਆ । ਉਨ੍ਹਾਂ ਕਿਹਾ ਕਿ ਕਰਮਚਾਰੀਆਂ ਦੀਆਂ ਮੰਗਾਂ ਨੂੰ ਹਮਦਰਦੀ ਨਾਲ ਵਿਚਾਰਿਆ ਜਾਵੇਗਾ ਤੇ ਜਾਇਜ਼ ਮੰਗਾਂ ਦਾ ਸਮਾਂਬੱਧ ਢੰਗ ਨਾਲ ਛੇਤੀ ਹੱਲ ਕੀਤਾ ਜਾਵੇਗਾ ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ

ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਚਲਾਈ ਗਈ ਖਾਸ ਮੁਹਿੰਮ ਹੇਠ ਸੂਬੇ ਦੇ 56.26 ਫੀਸਦ ਆਂਗਨਵਾੜੀ ਵਰਕਰਾਂ ਅਤੇ 46.15 ਫੀਸਦ ਆਂਗਨਵਾੜੀ ਹੈਲਪਰਾਂ ਨੂੰ ਆਯੁਸ਼ਮਾਨ ਹੈਲਥ ਕਾਰਡ ਜਾਰੀ ਹੋ ਚੁੱਕੇ ਨੇ। ਉਨ੍ਹਾਂ ਕਿਹਾ ਕਿ ਇਹ ਮੰਗ ਬਹੁਤ ਸਮੇਂ ਤੋਂ ਲੰਬਿਤ ਸੀ, ਜਿਸ ਨੂੰ ਪੂਰਾ ਕਰਨਾ ਵਿਭਾਗ ਦੀ ਪਹਿਲ ਰਿਹਾ ਏ। ਉਨ੍ਹਾਂ ਦੱਸਿਆ ਕਿ ਹੁਣ ਤੱਕ 99% ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦੀ eKY3 ਦੀ ਪ੍ਰਕਿਰਿਆ ਪੂਰੀ ਹੋ ਚੁੱਕੀ ਏ, ਜਿਸ ਕਾਰਨ ਬਾਕੀ ਰਹਿ ਗਏ ਕਾਰਡ ਵੀ ਜਲਦ ਜਾਰੀ ਕਰਵਾਏ ਜਾਣਗੇ। ਲਾਭਪਾਤਰੀਆਂ ਨੂੰ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਆਯੁਸ਼ਮਾਨ ਭਾਰਤ ਯੋਜਨਾ ਅਧੀਨ ਹਰੇਕ ਕਾਰਡ ਹੋਲਡਰ ਨੂੰ ਦੇਸ਼ ਭਰ ਦੇ ਪੈਨਲਬੱਧ ਹਸਪਤਾਲਾਂ ਵਿੱਚ ਸਾਲਾਨਾ 5 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ।

---------------------------------------------------------

ਪੰਜਾਬ ਪੁਲਿਸ ਨੇ ਯਾਰਾ ਇੰਡੀਆ ਦੇ ਸਹਿਯੋਗ ਨਾਲ **ਚੰਡੀਗੜ੍ਹ ਵਿਖੇ** ਪੰਜਾਬ ਪੁਲਿਸ ਹੈੱਡਕੁਆਰਟਰ ਵਿਖੇ ਵਿਸ਼ੇਸ਼ ਸੜਕ ਸੁਰੱਖਿਆ

ਜਾਗਰੂਕਤਾ ਮੁਹਿੰਮ 'ਆਈ ਐਮ ਸੇਫ਼ਟੀ ਹੀਰੋ' ਦੀ ਸ਼ੁਰੂਆਤ ਕੀਤੀ । ਇਹ ਮੁਹਿੰਮ ਪੰਜਾਬ ਪੁਲਿਸ ਦੇ ਟਰੈਫਿਕ ਅਤੇ ਸੜਕ ਸੁਰੱਖਿਆ ਵਿੰਗ ਵੱਲੋਂ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀ ਗਈ ਏ। ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ ਟਰੈਫਿਕ ਅਤੇ ਸੜਕ ਸੁਰੱਖਿਆ ਏ.ਐਸ. ਰਾਏ ਨੇ ਮੁਹਿੰਮ ਦੀ ਰਸਮੀ ਸ਼ੁਰੂਆਤ ਕਰਦੇ ਹੋਏ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਖੇਤੀਬਾੜੀ ਵਾਹਨਾਂ, ਖਾਸ ਕਰਕੇ ਟਰੈਕਟਰ-ਟਰਾਲੀਆਂ ਨਾਲ ਸਬੰਧਤ ਸੜਕ ਹਾਦਸਿਆਂ ਦੀ ਵੱਧ ਰਹੀ ਗਿਣਤੀ ਨੂੰ ਸਿੱਖਿਆ, ਜਾਗਰੂਕਤਾ ਅਤੇ ਸਮੂਹਿਕ ਜ਼ਿੰਮੇਵਾਰੀ ਰਾਹੀਂ ਨਜਿੱਠਣਾ ਏ। ਇਸ ਦੌਰਾਨ, ਟਰੈਕਟਰ-ਟਰਾਲੀਆਂ ਲਈ ਰਿਫਲੈਕਟਿਵ ਸੁਰੱਖਿਆ ਸਟਿੱਕਰ ਜਾਰੀ ਕੀਤੇ ਗਏ ਅਤੇ ਨਾਲ ਹੀ ਸਾਲ ਭਰ ਜਾਗਰੂਕਤਾ ਮੁਹਿੰਮਾਂ ਦੀ ਹਮਾਇਤ ਕਰਨ ਲਈ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਜਾਣਕਾਰੀ, ਸਿੱਖਿਆ ਅਤੇ ਸੰਚਾਰ (ਆਈ.ਈ.ਸੀ.) ਸਮੱਗਰੀ ਵੀ ਪੇਸ਼ ਕੀਤੀ ਗਈ। ਯਾਰਾ ਸਾਊਥ ਏਸ਼ੀਆ ਦੇ ਮੈਨੇਜਿੰਗ ਡਾਇਰੈਕਟਰ ਸੰਜੀਵ

ਕੰਵਰ ਅਤੇ ਪੰਜਾਬ ਰੋਡ ਸੇਫਟੀ ਐਂਡ ਟਰੈਫਿਕ ਰਿਸਰਚ ਸੈਂਟਰ (ਦੇ ਡਾਇਰੈਕਟਰ ਡਾ. ਨਵਦੀਪ ਅਸੀਜਾ ਵੀ ਇਸ ਮੌਕੇ ਮੌਜੂਦ ਰਹੇ।